ਸੂਹੀ ਮਹਲਾ ੫ ॥ ਪਾਰਬ੍ਰਹਮ ਪਰਮੇਸਰ ਸਤਿਗੁਰ ਆਪੇ ਕਰਣੈਹਾਰਾ ॥ ਚਰਣ ਧੂੜਿ ਤੇਰੀ ਸੇਵਕੁ ਮਾਗੈ ਤੇਰੇ ਦਰਸਨ ਕਉ ਬਲਿਹਾਰਾ ॥੧॥ ਮੇਰੇ ਰਾਮ ਰਾਇ ਜਿਉ ਰਾਖਹਿ ਤਿਉ ਰਹੀਐ ॥ ਤੁਧੁ ਭਾਵੈ ਤਾ ਨਾਮੁ ਜਪਾਵਹਿ ਸੁਖੁ ਤੇਰਾ ਦਿਤਾ ਲਹੀਐ ॥੧॥ ਰਹਾਉ ॥ ਮੁਕਤਿ ਭੁਗਤਿ ਜੁਗਤਿ ਤੇਰੀ ਸੇਵਾ ਜਿਸੁ ਤੂੰ ਆਪਿ ਕਰਾਇਹਿ ॥ ਤਹਾ ਬੈਕੁੰਠੁ ਜਹ ਕੀਰਤਨੁ ਤੇਰਾ ਤੂੰ ਆਪੇ ਸਰਧਾ ਲਾਇਹਿ ॥੨॥ ਸਿਮਰਿ ਸਿਮਰਿ ਸਿਮਰਿ ਨਾਮੁ ਜੀਵਾ ਤਨੁ ਮਨੁ ਹੋਇ ਨਿਹਾਲਾ ॥ ਚਰਣ ਕਮਲ ਤੇਰੇ ਧੋਇ ਧੋਇ ਪੀਵਾ ਮੇਰੇ ਸਤਿਗੁਰ ਦੀਨ ਦਇਆਲਾ ॥੩॥ ਕੁਰਬਾਣੁ ਜਾਈ ਉਸੁ ਵੇਲਾ ਸੁਹਾਵੀ ਜਿਤੁ ਤੁਮਰੈ ਦੁਆਰੈ ਆਇਆ ॥ ਨਾਨਕ ਕਉ ਪ੍ਰਭ ਭਏ ਕ੍ਰਿਪਾਲਾ ਸਤਿਗੁਰੁ ਪੂਰਾ ਪਾਇਆ ॥੪॥੮॥੫੫॥ {ਪੰਨਾ 749}

ਪਦਅਰਥ:- ਪਾਰਬ੍ਰਹਮ—ਹੇ ਪਾਰਬ੍ਰਹਮ! ਸਤਿਗੁਰ—ਹੇ ਸਤਿਗੁਰ! ਆਪੇ—(ਤੂੰ) ਆਪ ਹੀ। ਕਰਣੈਹਾਰਾ—ਕਰਨ-ਜੋਗ, ਕਰ ਸਕਣ ਵਾਲਾ। ਮਾਗੈ—ਮੰਗਦਾ ਹੈ। ਕਉ—ਤੋਂ। ਬਲਿਹਾਰਾ—ਸਦਕੇ।1।

ਰਾਮਰਾਇ—ਹੇ ਪ੍ਰਭੂ-ਪਾਤਿਸ਼ਾਹ! ਰਾਖਹਿ—ਤੂੰ ਰੱਖਦਾ ਹੈਂ। ਰਹੀਐ—ਰਹਿ ਸਕੀਦਾ ਹੈ। ਤੁਧੁ ਭਾਵੈ—ਜੇ ਤੈਨੂੰ ਚੰਗਾ ਲੱਗੇ। ਲਹੀਐ—ਲੈ ਸਕੀਦਾ ਹੈ।1। ਰਹਾਉ।

ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਭੁਗਤਿ—ਦੁਨੀਆ ਦੇ ਸੁਖਾਂ ਦੇ ਭੋਗ। ਜੁਗਤਿ—ਚੰਗੀ ਜੀਵਨ-ਮਰਯਾਦਾ। ਤਹਾ—ਉਥੇ ਹੀ। ਜਹ—ਜਿਥੇ।2।

ਜੀਵਾ—ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ। ਨਿਹਾਲਾ—ਪ੍ਰਸੰਨ, ਖਿੜਿਆ ਹੋਇਆ। ਚਰਣ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਚਰਨ। ਧੋਇ—ਧੋ ਕੇ। ਪੀਵਾ—ਪੀਵਾਂ।3।

ਜਾਈ—ਜਾਈਂ, ਮੈਂ ਜਾਂਦਾ ਹਾਂ। ਉਸੁ ਵੇਲਾ ਸੁਹਾਵੀ—ਉਸ ਸੋਹਣੀ ਘੜੀ ਤੋਂ। ਜਿਤੁ—ਜਿਸ ਵਿਚ, ਜਿਸ ਵੇਲੇ। ਦੁਆਰੈ—ਦਰ ਤੇ। ਕਉ—ਨੂੰ, ਉਤੇ।4।

ਅਰਥ:- ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਜਿਵੇਂ (ਅਸਾਂ ਜੀਵਾਂ ਨੂੰ) ਰੱਖਦਾ ਹੈਂ, ਤਿਵੇਂ ਹੀ ਰਿਹਾ ਜਾ ਸਕਦਾ ਹੈ। ਜੇ ਤੈਨੂੰ ਚੰਗਾ ਲੱਗੇ ਤਾਂ ਤੂੰ (ਅਸਾਂ ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈਂ, ਤੇਰਾ ਹੀ ਬਖ਼ਸ਼ਿਆ ਹੋਇਆ ਸੁਖ ਅਸੀਂ ਲੈ ਸਕਦੇ ਹਾਂ।1। ਰਹਾਉ।

ਹੇ ਪਰਮਾਤਮਾ! ਹੇ ਪਰਮੇਸਰ! ਹੇ ਸਤਿਗੁਰ! ਤੂੰ ਆਪ ਹੀ ਸਭ ਕੁਝ ਕਰਨ ਦੇ ਸਮਰਥ ਹੈਂ। (ਤੇਰਾ) ਦਾਸ (ਤੇਰੇ ਪਾਸੋਂ) ਤੇਰੇ ਚਰਨਾਂ ਦੀ ਧੂੜ ਮੰਗਦਾ ਹੈ, ਤੇਰੇ ਦਰਸਨ ਤੋਂ ਸਦਕੇ ਜਾਂਦਾ ਹੈ।1।

ਹੇ ਪ੍ਰਭੂ! ਤੇਰੀ ਸੇਵਾ-ਭਗਤੀ ਵਿਚ ਹੀ (ਵਿਕਾਰਾਂ ਤੋਂ) ਖ਼ਲਾਸੀ ਹੈ, ਸੰਸਾਰ ਦੇ ਸੁਖ ਹਨ, ਸੁਚੱਜੀ ਜੀਵਨ-ਜਾਚ ਹੈ (ਪਰ ਤੇਰੀ ਭਗਤੀ ਉਹੀ ਕਰਦਾ ਹੈ) ਜਿਸ ਪਾਸੋਂ ਤੂੰ ਆਪ ਕਰਾਂਦਾ ਹੈਂ। ਹੇ ਪ੍ਰਭੂ! ਜਿਸ ਥਾਂ ਤੇਰੀ ਸਿਫ਼ਤਿ-ਸਾਲਾਹ ਹੋ ਰਹੀ ਹੋਵੇ, (ਮੇਰੇ ਵਾਸਤੇ) ਉਹੀ ਥਾਂ ਬੈਕੁੰਠ ਹੈ, ਤੂੰ ਆਪ ਹੀ (ਸਿਫ਼ਤਿ-ਸਾਲਾਹ ਕਰਨ ਦੀ) ਸਰਧਾ (ਸਾਡੇ ਅੰਦਰ) ਪੈਦਾ ਕਰਦਾ ਹੈਂ।2।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਸਤਿਗੁਰ! (ਮੇਹਰ ਕਰ) ਮੈਂ ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦਾ ਰਹਾਂ, ਮੇਰਾ ਮਨ ਮੇਰਾ ਤਨ (ਤੇਰੇ ਨਾਮ ਦੀ ਬਰਕਤਿ ਨਾਲ) ਖਿੜਿਆ ਰਹੇ। (ਮੇਹਰ ਕਰ) ਮੈਂ ਸਦਾ ਤੇਰੇ ਸੋਹਣੇ ਚਰਨ ਧੋ ਧੋ ਕੇ ਪੀਂਦਾ ਰਹਾਂ।3।

(ਹੇ ਸਤਿਗੁਰੂ!) ਮੈਂ ਉਸ ਸੋਹਣੀ ਘੜੀ ਤੋਂ ਸਦਕੇ ਜਾਂਦਾ ਹਾਂ, ਜਦੋਂ ਮੈਂ ਤੇਰੇ ਦਰ ਤੇ ਆ ਡਿੱਗਾ। ਹੇ ਭਾਈ! ਜਦੋਂ (ਦਾਸ) ਨਾਨਕ ਉਤੇ ਪ੍ਰਭੂ ਜੀ ਦਇਆਵਾਨ ਹੋਏ, ਤਦੋਂ (ਨਾਨਕ ਨੂੰ) ਪੂਰਾ ਗੁਰੂ ਮਿਲ ਪਿਆ।4।8।55।